ਭਾਰਤ-ਪਾਕਿ ਸਰਹੱਦ ਨੇੜਿਓਂ 24 ਕਰੋੜ ਦੀ ਹੈਰੋਇਨ ਬਰਾਮਦ

ਬਰਾਮਦ ਹੈਰੋਇਨ ਸਬੰਧੀ ਜਾਣਕਾਰੀ ਦਿੰਦੇ ਪੁਲਸ ਅਤੇ ਬੀ. ਐੱਸ. ਐੱਫ. ਦੇ ਕਰਮਚਾਰੀ। (ਰਮਨ)

ਤਰਨਤਾਰਨ, 27 ਅਗਸਤ (ਰਮਨ)- ਭਾਰਤ-ਪਾਕਿਸਤਾਨ ਸਰਹੱਦ ਨੇੜਿਓਂ ਥਾਣਾ ਵਲਟੋਹਾ ਦੀ ਪੁਲਸ ਅਤੇ ਬੀ. ਐੱਸ. ਐੱਫ. ਨੇ ਚਲਾਏ ਗਏ ਸਾਂਝੇ ਆਪ੍ਰੇਸ਼ਨ ਦੌਰਾਨ 4 ਕਿਲੋ 405 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਇਸ ਸਬੰਧੀ ਥਾਣਾ ਵਲਟੋਹਾ ਦੀ ਪੁਲਸ ਨੇ ਅਣਪਛਾਤੇ ਨਸ਼ਾ ਸਮੱਗਲਰ ਖਿਲਾਫ ਪਰਚਾ ਦਰਜ ਕਰਦੇ ਹੋਏ ਉਸ ਦੀ ਭਾਲ ਸ਼ੁਰੂ ਕਰ ਦਿੱਤੀ ਹੈ। ਬਰਾਮਦ ਹੈਰੋਇਨ ਦੀ ਅੰਤਰਰਾਸ਼ਟਰੀ ਬਾਜ਼ਾਰ ਵਿਚ ਕੀਮਤ ਕਰੀਬ 24 ਕਰੋੜ ਰੁਪਏ ਦੱਸੀ ਜਾ ਰਹੀ ਹੈ।

ਐੱਸ. ਐੱਸ. ਪੀ. ਸੁਰਿੰਦਰ ਲਾਂਬਾ ਨੇ ਦੱਸਿਆ ਕਿ ਥਾਣਾ ਵਲਟੋਹਾ ਦੀ ਪੁਲਸ ਅਤੇ ਬੀ. ਐੱਸ. ਐੱਫ. ਨੇ ਸਾਂਝੇ ਸਰਚ ਆਪ੍ਰੇਸ਼ਨ ਦੌਰਾਨ ਮੱਖਣ ਸਿੰਘ ਪੁੱਤਰ ਮੇਜਰ ਸਿੰਘ ਵਾਸੀ ਕਾਲੀਆ ਦੀ ਜ਼ਮੀਨ ਵਿਚ ਇਕ ਥੈਲਾ ਡਿੱਗਾ ਹੋਇਆ ਬਰਾਮਦ ਕੀਤਾ। ਤਲਾਸ਼ੀ ਦੌਰਾਨ ਉਸ ਵਿਚੋਂ 4 ਕਿਲੋ 405 ਗ੍ਰਾਮ ਹੈਰੋਇਨ ਬਰਾਮਦ ਹੋਈ।

ਰੱਖੜੀ ਤੋਂ ਪਹਿਲਾਂ ਭਰਾ ਨੇ ਭੈਣ ਨੂੰ ਦਿੱਤਾ ਜ਼ਿੰਦਗੀ ਦਾ ਸਭ ਤੋਂ ਵੱਡਾ ਤੋਹਫ਼ਾ, ਦਾਨ ਕੀਤਾ ਗੁਰਦਾ

■ ਪੀ. ਜੀ. ਆਈ. 'ਚ ਹੋਇਆ ਸਫਲ ਟ੍ਰਾਂਸਪਲਾਂਟ

ਚੰਡੀਗੜ੍ਹ, 27 ਅਗਸਤ (ਪਾਲ)- ਰੱਖੜੀ 'ਤੇ ਭੈਣ ਆਪਣੇ ਭਰਾ ਦੇ ਗੁੱਟ 'ਤੇ ਰੱਖੜੀ ਬੰਨ੍ਹ ਕੇ ਉਸ ਦੀ ਲੰਬੀ ਉਮਰ ਦੀ ਕਾਮਨਾ ਕਰਦੀ ਹੈ ਪਰ ਇਸ ਵਾਰ ਮਣੀਪੁਰ ਦੇ ਇੰਫਾਲ ਦੀ ਰਹਿਣ ਵਾਲੀ ਦੀਪਾਸ਼ੀ (28) ਲਈ ਇਹ ਰਿਸ਼ਤਾ ਜ਼ਿੰਦਗੀ ਭਰ ਯਾਦ ਰਹਿਣ ਵਾਲਾ ਬਣ ਗਿਆ। ਉਸ ਦੇ ਭਰਾ ਚੀਰਨ (21) ਨੇ ਆਪਣਾ ਇਕ ਗੁਰਦਾ ਦਾਨ ਕਰ ਕੇ ਆਪਣੀ ਭੈਣ ਨੂੰ ਨਵੀਂ ਜ਼ਿੰਦਗੀ ਦਿੱਤੀ ਹੈ। ਪੀ. ਜੀ. ਆਈ. 'ਚ ਦੀਪਾਸ਼ੀ ਦਾ ਗੁਰਦਾ ਟ੍ਰਾਂਸਪਲਾਂਟ ਕੀਤਾ ਗਿਆ। ਚੀਰਨ ਅਜੇ ਵਿਦਿਆਰਥੀ ਹੈ।

ਦੀਪਾਸ਼ੀ ਨੇ ਦੱਸਿਆ ਕਿ ਉਸ ਦੀ ਬਿਮਾਰੀ ਦੀ ਸ਼ੁਰੂਆਤ 2023 'ਚ ਹੋਈ ਸੀ। ਉਸ ਨੂੰ ਸਾਹ ਲੈਣ 'ਚ ਪ੍ਰੇਸ਼ਾਨੀ ਹੋਣ ਲੱਗੀ। ਸਥਾਨਕ ਹਸਪਤਾਲ 'ਚ ਜਾਂਚ ਕਰਵਾਉਣ 'ਤੇ ਬਿਮਾਰੀ ਦਾ ਪਤਾ ਲੱਗਾ। ਇਸ ਤੋਂ ਬਾਅਦ ਕਿਸੇ ਨੇ ਉਨ੍ਹਾਂ ਨੂੰ ਪੀ.ਜੀ.ਆਈ. 'ਚ ਇਲਾਜ ਕਰਵਾਉਣ ਦੀ ਸਲਾਹ ਦਿੱਤੀ। ਪੀ.ਜੀ.ਆਈ. 'ਚ ਜਾਂਚ ਦੌਰਾਨ ਉਸ ਨੂੰ

ਪੀ. ਜੀ. ਆਈ. 'ਚ ਗੁਰਦਾ ਟ੍ਰਾਂਸਪਲਾਂਟ ਹੋਣ ਤੋਂ ਬਾਅਦ ਆਪਣੇ ਭਰਾ ਚੀਰਨ ਨਾਲ ਦੀਪਾਸ਼ੀ।

ਕ੍ਰੋਨਿਕ ਕਿਡਨੀ ਡਿਜ਼ੀਜ਼ (ਸੀ.ਕੇ.ਡੀ.) ਹੋਣ ਦਾ ਪਤਾ ਲੱਗਾ। ਬਿਮਾਰੀ ਵਧਣ ਨਾਲ ਉਸ ਨੂੰ ਡਾਇਲਿਸਿਸ 'ਤੇ ਰਹਿਣਾ ਪਿਆ ਤੇ ਆਖ਼ਿਰਕਾਰ ਗੁਰਦਾ ਟ੍ਰਾਂਸਪਲਾਂਟ ਹੀ ਇਲਾਜ ਦਾ ਇਕੋ-ਇਕ ਬਦਲ ਬਚਿਆ।

ਦੀਪਾਸ਼ੀ ਨੇ ਦੱਸਿਆ ਕਿ ਪਰਿਵਾਰ 'ਚ ਉਸ ਦੀ ਮਾਂ ਗੁਰਦਾ ਦਾਨ ਕਰਨਾ ਚਾਹੁੰਦੀ ਸੀ ਪਰ ਸ਼ੂਗਰ ਹੋਣ ਕਾਰਨ ਡਾਕਟਰਾਂ ਨੇ ਉਨ੍ਹਾਂ ਨੂੰ ਇਸ ਦੀ ਇਜਾਜ਼ਤ ਨਹੀਂ ਦਿੱਤੀ। ਅਜਿਹੇ ਮੁਸ਼ਕਲ ਸਮੇਂ 'ਚ ਉਸ ਦੇ ਛੋਟੇ ਭਰਾ ਚੀਰਨ ਨੇ ਕਿਹਾ ਕਿ ਉਹ ਆਪਣੀ ਭੈਣ ਨੂੰ ਗੁਰਦਾ ਦੇਵੇਗਾ। ਇਸ ਤੋਂ ਬਾਅਦ ਲੋੜੀਂਦੀਆਂ ਜਾਂਚਾਂ ਤੇ ਪ੍ਰਕਿਰਿਆ ਪੂਰੀ ਹੋਣ ਉਪਰੰਤ ਪੀ.ਜੀ.ਆਈ. 'ਚ ਕਿਡਨੀ ਟ੍ਰਾਂਸਪਲਾਂਟ ਕੀਤਾ ਗਿਆ।

ਦੀਪਾਸ਼ੀ ਨੇ ਕਿਹਾ ਕਿ ਛੋਟੇ ਭਰਾ ਦੇ ਇਸ ਫ਼ੈਸਲੇ ਨੇ ਉਸ ਨੂੰ ਭਾਵੁਕ ਕਰ ਦਿੱਤਾ। ਉਸ ਦੇ ਪਿਤਾ ਦਾ 2015 'ਚ ਦਿਹਾਂਤ ਹੋ ਚੁੱਕਾ ਹੈ ਅਤੇ ਪਰਿਵਾਰ ਨੇ ਕਈ ਮੁਸ਼ਕਿਲ ਦੌਰ ਦੇਖੇ ਹਨ। ਭਰਾ ਦਾ ਇਹ ਫ਼ੈਸਲਾ ਪੂਰੇ ਪਰਿਵਾਰ ਲਈ ਬੇਹੱਦ ਭਾਵਨਾਤਮਕ ਰਿਹਾ। ਰੱਖੜੀ ਤੋਂ ਪਹਿਲਾਂ ਦੀਪਾਸ਼ੀ ਨੇ ਆਪਣੇ ਭਰਾ ਲਈ ਭਾਵੁਕ ਸੰਦੇਸ਼ ਸਾਂਝਾ ਕਰਦਿਆਂ ਕਿਹਾ ਕਿ ਭੈਣ-ਭਰਾ ਦਾ ਰਿਸ਼ਤਾ ਸਿਰਫ਼ ਰੱਖੜੀ ਤੇ ਮਠਿਆਈ ਤੱਕ ਸੀਮਤ ਨਹੀਂ ਹੁੰਦਾ। ਭਰਾ ਦਾ ਪਿਆਰ ਉਸ ਦੀ ਸਭ ਤੋਂ ਵੱਡੀ ਤਾਕਤ ਹੈ ਅਤੇ ਉਸ ਦੇ ਇਸ ਪਿਆਰ ਨੇ ਉਸ ਨੂੰ ਜ਼ਿੰਦਗੀ 'ਚ ਮੁੜ ਅੱਗੇ ਵਧਣ ਦੀ ਹਿੰਮਤ ਦਿੱਤੀ ਹੈ।

'ਪੰਜਾਬ ਕੇਸਰੀ ਗਰੁੱਪ' ਦੀ ਰਾਹਤ ਮੁਹਿੰਮ ਦਾ '950ਵਾਂ ਟਰੱਕ ਰਵਾਨਾ'

ਭਾਜਪਾ ਦੇ ਹਲਕਾ ਇੰਚਾਰਜ ਵਿਕਾਸ ਸ਼ਰਮਾ ਨੇ 'ਘਨੌਰ' ਤੋਂ ਭਿਜਵਾਈਆਂ 225 ਪਰਿਵਾਰਾਂ ਲਈ ਰਜਾਈਆਂ

'ਪੰਜਾਬ ਕੇਸਰੀ ਪੱਤਰ ਸਮੂਹ' ਵੱਲੋਂ ਚਲਾਈ ਜਾ ਰਹੀ ਰਾਹਤ ਮੁਹਿੰਮ ਦੇ ਤਹਿਤ ਜੰਮੂ-ਕਸ਼ਮੀਰ ਦੇ ਅੱਤਵਾਦ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਬੀਤੇ ਦਿਨ ਸੰਜੀਵ ਸੂਦ ਦੀ ਪ੍ਰੇਰਨਾ ਨਾਲ ਰਾਹਤ ਸਮੱਗਰੀ ਦਾ ਇਕ ਟਰੱਕ ਘਨੌਰ ਤੋਂ ਭਾਜਪਾ ਦੇ ਹਲਕਾ ਇੰਚਾਰਜ ਵਿਕਾਸ ਸ਼ਰਮਾ ਅਤੇ ਉਨ੍ਹਾਂ ਦੇ ਪਰਿਵਾਰ ਵੱਲੋਂ ਜੰਮੂ-ਕਸ਼ਮੀਰ ਦੇ ਸਰਹੱਦੀ ਇਲਾਕਿਆਂ ਵਿਚ ਰਹਿਣ ਵਾਲੇ ਪ੍ਰਭਾਵਿਤ ਪਰਿਵਾਰਾਂ ਲਈ ਭਿਜਵਾਇਆ ਗਿਆ, ਜਿਸ ਵਿਚ 225 ਪਰਿਵਾਰਾਂ ਲਈ ਰਜਾਈਆਂ ਸਨ।

ਟਰੱਕ ਰਵਾਨਾ ਕਰਦੇ 'ਪੰਜਾਬ ਕੇਸਰੀ' ਦੇ ਮੁੱਖ ਸੰਪਾਦਕ ਵਿਜੇ ਚੋਪੜਾ ਦੇ ਨਾਲ ਵਿਕਾਸ ਸ਼ਰਮਾ, ਇਕਬਾਲ ਸਿੰਘ ਅਰਨੇਜਾ, ਸ਼੍ਰੀਮਤੀ ਅਰਨੇਜਾ, ਡਿੰਪਲ ਸੂਰੀ, ਸਤਿੰਦਰ ਕੌਰ ਵਾਲੀਆ (ਪੰਜਾਬ ਕੇਸਰੀ), ਦਪਿੰਦਰ ਸੂਦ, ਐੱਸ. ਕੇ. ਦੇਵ, ਗੌਤਮ ਸੂਦ, ਅਜੈ ਸਿੰਗਲਾ, ਕਮਲਦੀਪ ਸਿੰਘ, ਹਰਮਿੰਦਰ ਸਿੰਘ, ਰਾਜੀਵ ਸੂਦ, ਟੇਕ ਚੰਦ, ਸੰਦੀਪ ਕੁਮਾਰ, ਦੀਪਕ ਜਿੰਦਲ, ਗੌਰਵ ਗੌਤਮ, ਰਜਨੀਸ਼ ਕੁਮਾਰ, ਪ੍ਰਦੀਪ ਨੰਦਾ, ਬਲਕਾਰ ਸਿੰਘ, ਕੁੰਦਨ ਲਾਲ, ਸਤਨਾਮ ਸਿੰਘ, ਅਮਨਦੀਪ ਸਿੰਘ, ਸੰਜੀਵ ਸੂਦ, ਬ੍ਰਹਮ ਦੇਵ ਸ਼ਰਮਾ, ਵਰਿੰਦਰ ਸ਼ਰਮਾ ਅਤੇ ਹੋਰ।

ਪੰਜਾਬ ਸਰਕਾਰ ਨੇ ਪੁਲਸ ਦੇ ਜ਼ਿਲਾ ਕੇਡਰ 'ਚ 1,600 ਨਵੀਆਂ ਅਸਾਮੀਆਂ ਨੂੰ ਦਿੱਤੀ ਮਨਜ਼ੂਰੀ

ਜਲੰਧਰ, 27 ਅਗਸਤ (ਧਵਨ)- ਪੰਜਾਬ ਸਰਕਾਰ ਨੇ ਪੁਲਸ ਦੇ ਜ਼ਿਲਾ ਕੇਡਰ ਵਿਚ 1,600 ਨਵੀਆਂ ਅਸਾਮੀਆਂ ਨੂੰ ਮਨਜ਼ੂਰੀ ਦਿੱਤੀ ਹੈ। ਇਨ੍ਹਾਂ ਵਿਚ 150 ਇੰਸਪੈਕਟਰ, 450 ਸਬ-ਇੰਸਪੈਕਟਰ ਅਤੇ 1,000 ਅਸਿਸਟੈਂਟ ਸਬ-ਇੰਸਪੈਕਟਰਾਂ ਦੀਆਂ ਅਸਾਮੀਆਂ ਸ਼ਾਮਲ ਹਨ। ਇਨ੍ਹਾਂ ਅਸਾਮੀਆਂ ਨੂੰ ਵਿਭਾਗੀ ਤਰੱਕੀ ਦੇ ਮਾਧਿਅਮ ਨਾਲ ਭਰਿਆ ਜਾਵੇਗਾ। ਇਹ ਜਾਣਕਾਰੀ ਪੰਜਾਬ ਦੇ ਡੀ. ਜੀ. ਪੀ. ਗੌਰਵ ਯਾਦਵ ਨੇ ਅੱਜ ਦਿੱਤੀ। ਉਨ੍ਹਾਂ ਕਿਹਾ ਕਿ ਪਹਿਲੀ ਵਾਰ ਪੁਲਸ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਉਨ੍ਹਾਂ ਦੀ ਯੋਗਤਾ ਅਤੇ ਸੀਨੀਆਰਤਾ ਦੇ ਅਨੁਸਾਰ ਸਮੇਂ 'ਤੇ ਤਰੱਕੀ ਦਿੱਤੀ ਜਾ ਰਹੀ ਹੈ।

ਸੂਬਾ ਸਰਕਾਰ ਦੀ ਸੜਕ ਸੁਰੱਖਿਆ ਪਹਿਲਕਦਮੀ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਦੇਸ਼ ਦਾ ਪਹਿਲਾ ਸੂਬਾ ਹੈ, ਜਿਸ ਨੇ ਸਮਰਪਿਤ 'ਸੜਕ ਸੁਰੱਖਿਆ ਫੋਰਸ' ਦਾ ਗਠਨ ਕੀਤਾ ਹੈ। ਇਸ ਫੋਰਸ ਵਿਚ ਵਿਸ਼ੇਸ਼ ਤੌਰ 'ਤੇ ਸਿਖਲਾਈ ਪ੍ਰਾਪਤ ਕਰਮਚਾਰੀਆਂ, ਜਿਨ੍ਹਾਂ ਵਿਚ ਮਹਿਲਾ ਕਰਮਚਾਰੀ ਵੀ ਸ਼ਾਮਲ ਹਨ, ਦੀ ਭਰਤੀ ਕੀਤੀ ਗਈ ਹੈ ਅਤੇ ਉਨ੍ਹਾਂ ਨੂੰ ਆਧੁਨਿਕ ਵਾਹਨਾਂ ਨਾਲ ਲੈਸ ਕੀਤਾ ਗਿਆ ਹੈ।

ਮੁਲਾਜ਼ਮਾਂ ਨੂੰ ਹੱਕ ਦੇਣ ਦੀ ਬਜਾਏ ਧਮਕਾਉਣਾ ਬੰਦ ਕਰੇ ਸਰਕਾਰ : ਰੰਧਾਵਾ

ਚੰਡੀਗੜ੍ਹ/ਜਲੰਧਰ, 27 ਅਗਸਤ (ਅੰਕੁਰ, ਵਿਸ਼ੇਸ਼)- ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਇਹ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਆਖ਼ਿਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਉਨ੍ਹਾਂ ਦਾ ਬਣਦਾ ਮਹਿੰਗਾਈ ਭੱਤਾ (ਡੀ.ਏ.) ਦੇਣ 'ਚ ਇੰਨੀ ਟਾਲ-ਮਟੋਲ ਕਿਉਂ ਕੀਤੀ ਜਾ ਰਹੀ ਹੈ। ਜਦੋਂ ਮੁਲਾਜ਼ਮ ਆਪਣੇ ਹੱਕ ਦੀ ਮੰਗ ਕਰ ਰਹੇ ਹਨ ਅਤੇ ਅਦਾਲਤ ਵੀ ਉਨ੍ਹਾਂ ਦੇ ਹੱਕ 'ਚ ਹੁਕਮ ਦੇ ਚੁੱਕੀ ਹੈ ਤਾਂ ਸਰਕਾਰ ਵੱਲੋਂ ਹੁਕਮਾਂ ਦੀ ਪਾਲਣਾ ਕਰਨ ਦੀ ਬਜਾਏ ਟਕਰਾਅ ਦਾ ਰਸਤਾ ਅਪਣਾਉਣ ਦੀ ਕੀ ਲੋੜ ਹੈ?

ਉਨ੍ਹਾਂ ਕਿਹਾ ਕਿ ਸਰਕਾਰ ਨੇ ਮੁਲਾਜ਼ਮਾਂ ਨਾਲ ਗੱਲਬਾਤ ਕਰਨ ਦੀ ਬਜਾਏ ਉਨ੍ਹਾਂ ਨੂੰ ਡਰਾਉਣ-ਧਮਕਾਉਣ ਦੀ ਨੀਤੀ ਅਪਣਾ ਲਈ ਹੈ, ਜਿਸ ਨੂੰ ਤੁਰੰਤ ਬੰਦ ਕੀਤਾ ਜਾਣਾ ਚਾਹੀਦਾ ਹੈ। ਮੁਲਾਜ਼ਮ ਡਰਨ ਵਾਲੇ ਨਹੀਂ ਹਨ। ਉਨ੍ਹਾਂ ਕਿਹਾ ਕਿ ਜਿਨ੍ਹਾਂ ਮੁਲਾਜ਼ਮਾਂ ਨੇ ਆਪਣੀ ਜ਼ਿੰਦਗੀ ਦੇ ਮਹੱਤਵਪੂਰਨ ਸਾਲ ਪੰਜਾਬ ਦੀ ਸੇਵਾ 'ਚ ਲਾ ਦਿੱਤੇ, ਅੱਜ ਉਹੀ ਆਪਣੇ ਜਾਇਜ਼ ਹੱਕਾਂ ਲਈ ਸਰਕਾਰ ਖ਼ਿਲਾਫ਼ ਸੰਘਰਸ਼ ਕਰਨ ਲਈ ਮਜਬੂਰ ਹਨ। ਇਸ ਕਾਰਨ ਲੱਖਾਂ ਆਮ ਲੋਕਾਂ ਦਾ ਰੋਜ਼ਾਨਾ ਕੰਮਕਾਜ ਵੀ ਪ੍ਰਭਾਵਿਤ ਹੋ ਰਿਹਾ ਹੈ ਅਤੇ ਉਨ੍ਹਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਪਰ ਸਰਕਾਰ ਵੱਲੋਂ ਇਸ ਸਮੱਸਿਆ ਦੇ ਹੱਲ ਵੱਲ ਕੋਈ ਗੰਭੀਰ ਧਿਆਨ ਨਹੀਂ ਦਿੱਤਾ ਜਾ ਰਿਹਾ।

ਨੇਪਾਲ ਤ੍ਰਾਸਦੀ 'ਤੇ ਹਰਸਿਮਰਤ ਬਾਦਲ ਨੇ ਪ੍ਰਗਟਾਇਆ ਦੁੱਖ

ਚੰਡੀਗੜ੍ਹ, 27 ਅਗਸਤ (ਅੰਕੁਰ)- ਸੰਸਦ ਮੈਂਬਰ ਹਰਸਿਮਰਤ ਕੌਰ ਬਾਦਲ ਨੇ ਨੇਪਾਲ 'ਚ ਹੜ੍ਹ ਕਾਰਨ ਹੋਈ ਤਬਾਹੀ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

ਉਨ੍ਹਾਂ ਕਿਹਾ ਕਿ ਨੇਪਾਲ ਤੋਂ ਦਿਲ ਦਹਿਲਾ ਦੇਣ ਵਾਲੀਆਂ ਤਸਵੀਰਾਂ ਸਾਹਮਣੇ ਆ ਰਹੀਆਂ ਹਨ ਕਿਉਂਕਿ ਪੂਰੇ ਦੇਸ਼ 'ਚ ਭਿਆਨਕ ਆਫ਼ਤ ਨੇ ਤਬਾਹੀ ਮਚਾਈ ਹੋਈ ਹੈ।

ਉਨ੍ਹਾਂ ਕਿਹਾ ਕਿ ਮੇਰਾ ਦਿਲ ਅਤੇ ਦੁਆਵਾਂ ਉਨ੍ਹਾਂ ਸਾਰੇ ਲੋਕਾਂ ਦੇ ਨਾਲ ਹਨ, ਜਿਨ੍ਹਾਂ ਨੇ ਇਸ ਤ੍ਰਾਸਦੀ 'ਚ ਆਪਣੇ ਪਿਆਰਿਆਂ, ਘਰਾਂ ਅਤੇ ਰੋਜ਼ੀ-ਰੋਟੀ ਨੂੰ ਗੁਆ ਦਿੱਤਾ ਹੈ। ਮੈਂ ਉੱਥੇ ਫਸੇ ਹੋਏ ਲੋਕਾਂ ਦੀ ਸੁਰੱਖਿਆ ਲਈ ਪ੍ਰਾਰਥਨਾ ਕਰਦੀ ਹਾਂ ਅਤੇ ਉਮੀਦ ਕਰਦੀ ਹਾਂ ਕਿ ਉਨ੍ਹਾਂ ਨੂੰ ਜਲਦ ਤੋਂ ਜਲਦ ਮਦਦ ਮਿਲੇ। ਹਰਸਿਮਰਤ ਕੌਰ ਬਾਦਲ ਨੇ ਕਿਹਾ ਕਿ ਉਹ ਭਾਰਤੀ ਸੈਲਾਨੀਆਂ ਨੂੰ ਲੈ ਕੇ ਬਹੁਤ ਚਿੰਤਤ ਹਨ, ਜੋ ਅਜੇ ਵੀ ਲਾਪਤਾ ਹਨ। ਸ਼੍ਰੋਮਣੀ ਅਕਾਲੀ ਦਲ ਔਖੇ ਸਮੇਂ 'ਚ ਸਾਰੇ ਭਾਰਤੀਆਂ ਖ਼ਾਸ ਕਰ ਕੇ ਪੰਜਾਬੀਆਂ ਦੀ ਹਰ ਸੰਭਵ ਮਦਦ ਕਰਨ ਲਈ ਤਿਆਰ ਹੈ। ਉਨ੍ਹਾਂ ਨੇ ਆਪਣੀ ਪਾਰਟੀ ਦੇ ਸਾਰੇ ਆਗੂਆਂ, ਸਾਥੀਆਂ ਅਤੇ ਕੇਡਰ ਨੂੰ ਵੀ ਸੇਵਾ ਦੀ ਭਾਵਨਾ ਬਣਾਈ ਰੱਖਣ, ਲੋੜਵੰਦਾਂ ਨਾਲ ਖੜ੍ਹੇ ਹੋਣ ਤੇ ਪ੍ਰਭਾਵਿਤ ਲੋਕਾਂ ਦੀ ਹਰ ਸੰਭਵ ਮਦਦ ਕਰਨ ਦੀ ਅਪੀਲ ਕੀਤੀ ਹੈ।

ਫਿਰੋਜ਼ਪੁਰ 'ਚ ਗੋਲੀ ਲੱਗਣ ਕਾਰਨ ਸਾਬਕਾ ਸਰਪੰਚ ਜ਼ਖ਼ਮੀ

ਫਿਰੋਜ਼ਪੁਰ, 27 ਅਗਸਤ (ਕੁਮਾਰ)- ਫਿਰੋਜ਼ਪੁਰ ਵਿਚ ਬੁੱਧਵਾਰ ਦੇਰ ਸ਼ਾਮ ਗੋਲੀ ਲੱਗਣ ਨਾਲ ਫਿਰੋਜ਼ਪੁਰ ਸ਼ਹਿਰੀ ਵਿਧਾਨ ਸਭਾ ਹਲਕੇ ਦਾ ਸਾਬਕਾ ਕਾਂਗਰਸੀ ਸਰਪੰਚ ਪਰਮਜੀਤ ਸਿੰਘ ਪੰਮਾ ਬੰਨਾਂਵਾਲੀ ਜ਼ਖਮੀ ਹੋ ਗਿਆ, ਜਿਸ ਨੂੰ ਨਿੱਜੀ ਹਸਪਤਾਲ ਵਿਚ ਦਾਖਲ ਕਰਵਾਇਆ ਗਿਆ ਹੈ।

ਜ਼ੇਰੇ ਇਲਾਜ ਸਾਬਕਾ ਸਰਪੰਚ ਪਰਮਜੀਤ ਸਿੰਘ ਪੰਮਾ। (ਕੁਮਾਰ)

ਦੱਸਿਆ ਜਾਂਦਾ ਹੈ ਕਿ ਗੋਲੀ ਦੇ ਛੱਰੇ ਉਸ ਦੇ ਸਿਰ ਦੇ ਆਸ-ਪਾਸ ਲੱਗੇ ਹਨ ਅਤੇ ਜਦੋਂ ਉਸ ਨੂੰ ਹਸਪਤਾਲ ਵਿਚ ਲਿਆਂਦਾ ਗਿਆ ਤਾਂ ਉਸ ਦੀ ਆਕਸੀਜਨ ਵੀ ਘੱਟ ਸੀ। ਡਾਕਟਰਾਂ ਵੱਲੋਂ ਉਸ ਦਾ ਇਲਾਜ ਕੀਤਾ ਜਾ ਰਿਹਾ ਹੈ ਅਤੇ ਉਸ ਦਾ ਸੀ. ਟੀ. ਸਕੈਨ ਕਰਵਾਇਆ ਜਾ ਰਿਹਾ ਹੈ।

ਘਟਨਾ ਦੀ ਸੂਚਨਾ ਮਿਲਦੇ ਹੀ ਪੁਲਸ ਘਟਨਾ ਸਥਾਨ 'ਤੇ ਪਹੁੰਚ ਗਈ ਹੈ ਅਤੇ ਜਾਂਚ ਸ਼ੁਰੂ ਕਰ ਦਿੱਤੀ। ਗੋਲੀ ਮਾਰਨ ਵਾਲਾ ਕੌਣ ਹੈ ਅਤੇ ਉਸ ਨੇ ਗੋਲੀ ਕਿਉਂ ਮਾਰੀ ਹੈ, ਇਸ ਗੱਲ ਦੀ ਪੁਲਸ ਵੱਲੋਂ ਜਾਂਚ ਕੀਤੀ ਜਾ ਰਹੀ ਹੈ।

ਕਰਮਚਾਰੀਆਂ ਦੀ ਗੱਲ ਸੁਣਨ ਤੋਂ ਟਾਲਾ ਵੱਟਣਾ ਸਰਕਾਰ ਦੀ ਤਾਨਾਸ਼ਾਹੀ ਵਾਲੀ ਕਾਰਵਾਈ : ਡਾ. ਕਰੀਮਪੁਰੀ

ਜਲੰਧਰ, 27 ਅਗਸਤ (ਮਹੇਸ਼)- ਬਸਪਾ ਪੰਜਾਬ ਦੇ ਪ੍ਰਧਾਨ ਡਾਕਟਰ ਅਵਤਾਰ ਸਿੰਘ ਕਰੀਮਪੁਰੀ ਨੇ ਅੱਜ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਹੜਤਾਲ 'ਤੇ ਗਏ ਸਰਕਾਰੀ ਕਰਮਚਾਰੀਆਂ ਅਤੇ ਰਿਟਾਇਰਡ ਪੈਨਸ਼ਨਰਾਂ ਦਾ ਪੂਰਨ ਸਮਰਥਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਵੱਖ-ਵੱਖ ਜਥੇਬੰਦੀਆਂ ਪ੍ਰਤੀ ਅਪਣਾਏ ਰਵੱਈਏ ਦੀ ਸਖਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ।

'ਪੰਜਾਬ ਸੰਭਾਲੋ ਮੁਹਿਮ' ਤੇ 'ਮਿਸ਼ਨ ਬੇਗਮਪੁਰਾ' ਤਹਿਤ ਜਾਰੀ ਪ੍ਰੈੱਸ ਬਿਆਨ ਵਿਚ ਡਾ. ਕਰੀਮਪੁਰੀ ਨੇ ਕਿਹਾ ਕਿ ਮੁੱਖ ਮੰਤਰੀ ਮਾਨ ਨੇ ਪਹਿਲਾਂ ਕਰਮਚਾਰੀਆਂ ਦੀਆਂ ਜਥੇਬੰਦੀਆਂ ਨੂੰ ਚੰਡੀਗੜ੍ਹ ਵਿਖੇ ਮੀਟਿੰਗ ਦਾ ਸਮਾਂ ਦਿੱਤਾ ਸੀ ਪਰ ਬਾਅਦ ਵਿਚ ਇਸ ਮੀਟਿੰਗ ਦਾ ਸਥਾਨ ਬਦਲ ਕੇ ਜਲੰਧਰ ਕਰ ਦਿੱਤਾ।

ਉਨ੍ਹਾਂ ਕਿਹਾ ਕਿ ਸਮੁੱਚੇ ਪੰਜਾਬ ਦੇ ਕਰਮਚਾਰੀਆਂ ਦੀ ਗੱਲ ਸੁਣਨ ਤੋਂ ਇਸ ਤਰ੍ਹਾਂ ਟਾਲਾ ਵੱਟਣਾ ਮੁੱਖ ਮੰਤਰੀ ਦੇ ਤਾਨਾਸ਼ਾਹੀ ਰਵੱਈਏ ਨੂੰ ਦਰਸਾਉਂਦਾ ਹੈ। ਇਹ ਸੂਬੇ ਦੇ ਪੜ੍ਹੇ-ਲਿਖੇ ਵਰਗ ਨੂੰ ਬੇਇੱਜ਼ਤ ਕਰਨ ਦੀ ਸਰਕਾਰੀ ਕਾਰਵਾਈ ਹੈ, ਜਿਸ ਦੀ ਬਸਪਾ ਨਿੰਦਾ ਕਰਦੀ ਹੈ। ਉਨ੍ਹਾਂ ਮੰਗ ਕੀਤੀ ਕਿ ਆਊਟਸੋਰਸਿੰਗ ਅਤੇ ਦਿਹਾੜੀਦਾਰ ਵਰਗੋਂ ਕੰਮ ਕਰਦੇ ਕੱਚੇ ਕਰਮਚਾਰੀਆਂ ਨੂੰ ਬਿਨਾਂ ਸ਼ਰਤ ਰੈਗੂਲਰ ਕੀਤਾ ਜਾਵੇ, 6ਵੇਂ ਪੇ-ਕਮਿਸ਼ਨ ਦੀਆਂ ਖਾਮੀਆਂ ਦੂਰ ਕਰ ਕੇ ਬਕਾਇਆ ਮਹਿੰਗਾਈ ਭੱਤਾ ਅਤੇ ਪੈਂਡਿੰਗ ਏਰੀਅਰ ਦਾ ਭੁਗਤਾਨ ਜਲਦ ਕੀਤਾ ਜਾਵੇ।

ਪੰਜਾਬ ਕਾਂਗਰਸ ਮੁਲਾਜ਼ਮਾਂ ਤੇ ਪੈਨਸ਼ਨਰਾਂ ਦ